# ਹੱਤਿਆ ਦੇ ਮਾਮਲੇ 'ਚ 4 ਹੋਰ ਦੋਸ਼ੀ ਕਾਬੂ

ਅਬੋਹਰ, 28 ਜੁਲਾਈ (ਸੁਨੀਲ, ਰਹੇਜਾ)—ਪਿੰਡ ਰਾਮਾਕੋਟ ਵਿਚ ਹੋਈ ਇਕ ਹੱਤਿਆ ਦੇ ਮਾਮਲੇ 'ਚ ਸਦਰ ਥਾਣਾ ਪੁਲਸ ਦੇ ਮੁਖੀ ਬਲਜੀਤ ਸਿੰਘ ਤੇ ਪੁਲਸ ਪਾਰਟੀ ਨੇ 4 ਹੋਰ ਦੋਸ਼ੀਆਂ ਗੁਰਦੀਪ ਸਿੰਘ ਪੁੱਤਰ ਤੇਜ ਸਿੰਘ, ਸੁਖਚੈਨ ਸਿੰਘ ਪੁੱਤਰ ਮੱਖਣ ਸਿੰਘ, ਗੁਰਦੇਵ ਸਿੰਘ ਪੁੱਤਰ ਰਾਮ ਸਿੰਘ, ਤੇਜ ਸਿੰਘ ਪੁੱਤਰ ਰਾਮ ਸਿੰਘ ਨੂੰ ਕਾਬੂ ਕਰਕੇ ਮਾਣਯੋਗ ਜੱਜ ਰਾਹੁਲ ਕੁਮਾਰ ਦੀ ਅਦਾਲਤ ਵਿਚ ਪੇਸ਼ ਕੀਤਾ ਜਿਥੇ ਮਾਣਯੋਗ ਜੱਜ ਨੇ ਦੋਸ਼ੀਆਂ ਨੂੰ ਜੇਲ ਭੇਜਣ ਦੇ ਆਦੇਸ਼ ਦਿੱਤੇ।

ਜ਼ਿਕਰਯੋਗ ਹੈ ਕਿ ਸਦਰ ਥਾਣਾ ਪੁਲਸ ਇਸ ਤੋਂ ਪਹਿਲਾਂ ਇਸ ਮਾਮਲੇ ਵਿਚ 5 ਦੋਸ਼ੀਆਂ ਨੂੰ ਕਾਬੂ ਕਰ ਚੁੱਕੀ ਹੈ।



ਪੁਲਸ ਪਾਰਟੀ ਤੇ ਦੋਸ਼ੀ। (ਫੋਟੋ)

ਉਨ੍ਹਾਂ ਨੂੰ ਅਦਾਲਤ ਵੱਲੋਂ ਜੇਲ ਭੇਜਿਆ ਜਾ ਚੁੱਕਿਆ ਹੈ।

ਜ਼ਿਕਰਯੋਗ ਹੈ ਕਿ ਪਿੰਡ ਰਾਮਾਕੋਟ ਵਾਸੀ ਸੁਰਿੰਦਰ ਸਿੰਘ ਪੁੱਤਰ ਰਣਜੀਤ ਸਿੰਘ ਨੇ ਪੁਲਸ ਨੂੰ ਦਿੱਤੇ ਬਿਆਨਾਂ 'ਚ ਦੱਸਿਆ ਕਿ ਉਸਦੇ ਪਿਤਾ ਰਣਜੀਤ ਸਿੰਘ ਨੂੰ 15.7.2017 ਨੂੰ ਕੁਝ ਲੋਕਾਂ ਨੇ ਘਰ 'ਚੋਂ ਚੁੱਕ ਕੇ ਆਪਣੇ ਘਰ ਲੈ ਜਾ ਕੇ ਹਮਲਾ ਕੀਤਾ।

ਉਨ੍ਹਾਂ ਨੂੰ ਸਿਵਲ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ ਅਤੇ ਉਸਨੂੰ ਫਰੀਦਕੋਟ ਰੈਫਰ ਕਰ ਦਿੱਤਾ ਗਿਆ। ਫਰੀਦਕੋਟ ਜਾਂਦੇ ਸਮੇਂ ਉਸਦੇ ਪਿਤਾ ਦੀ ਮੌਤ ਹੋ ਗਈ ਸੀ। ਇਸ ਮਾਮਲੇ ਦੀ ਪੁਲਸ ਕਾਰਵਾਈ ਕਰ ਰਹੀ ਹੈ।